VIGILANCE BUREAU PUNJAB

**Vigilance nabs Senior Assistant for taking bribe of Rs. 20,000**

Chandigarh, October 4 : Punjab Vigilance Bureau nabbed a Senior Assistant (SA) posted at Tehsil Office, Jalandhar red handed accepting bribe of Rs 20,000.

Disclosing this here today, an official spokesperson of the Vigilance Bureau (VB) said Senior Assistant Rajan Chauhan was nabbed red handed on the complaint of Hemant Kumar of Jalandhar city. The complainant has approached the VB alleging that the accused SA was demanding Rs 20,000 to register mutation of land in the name of his father and uncle.

After verifying his information, the vigilance team laid a trap and the accused SA was arrested on the spot while taking bribe of Rs. 20,000 from the complainant in the presence of two official witnesses.

He informed that a case under prevention of corruption act has been registered against the accused at VB police station Jalandhar and further investigation was under progress.

--------

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ 20,000 ਦੀ ਰਿਸ਼ਵਤ ਲੈਂਦਾ ਸੀਨੀਅਰ ਸਹਾਇਕ ਦਬੋਚਿਆ**

ਚੰਡੀਗੜ੍ਹ, 4 ਅਕਤੂਬਰ : ਪੰਜਾਬ ਵਿਜੀਲੈਂਸ ਬਿਊਰੋ ਨੇ ਤਹਿਸੀਲ ਦਫਤਰ ਜਲੰਧਰ ਵਿਖੇ ਤਾਇਨਾਤ ਸੀਨੀਅਰ ਸਹਾਇਕ ਰਾਜਨ ਚੌਹਾਨ ਨੂੰ 20,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਸੀਨੀਅਰ ਸਹਾਇਕ ਨੂੰ ਸ਼ਿਕਾਇਤਕਰਤਾ ਹੇਮੰਤ ਕੁਮਾਰ ਵਾਸੀ ਜਲੰਧਰ ਸ਼ਹਿਰ ਦੀ ਸ਼ਿਕਾਇਤ ’ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਸੀਨੀਅਰ ਸਹਾਇਕ ਵਲੋਂ ਪਲਾਟ ਦਾ ਇੰਤਕਾਲ ਉਸ ਦੇ ਪਿਤਾ ਅਤੇ ਚਾਚੇ ਦੇ ਨਾਮ ਉਪਰ ਕਰਨ ਬਦਲੇ 20,000 ਰੁਪਏ ਦੀ ਮੰਗ ਕੀਤੀ ਗਈ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਸੀਨੀਅਰ ਸਹਾਇਕ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 20,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਜਲੰਧਰ ਵਿਖੇ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

---------